## ਪੰਜਾਬ ਸਕੂਲ ਸਿੱਖਿਆ ਬੋਰਡ

### ਪ੍ਰੈਸ ਨੋਟ

ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਾਲਾਨਾ ਪਰੀਖਿਆਵਾਂ ਪੂਰੇ ਵਿਸ਼ਿਆਂ (ਸਮੇਤ ਓਪਨ ਸਕੂਲ) ਰੀ-ਅਪੀਅਰ, ਵਾਧੂ ਵਿਸ਼ਾ ਅਤੇ ਦਰਜਾ/ਕਾਰਗੁਜਾਰੀ ਵਧਾਉਣ ਲਈ ਬਾਰਵੀਂ ਸ਼੍ਰੇਣੀ ਦਾ ਨਤੀਜਾ ਮਿਤੀ 14-05-2025 ਅਤੇ ਦਸਵੀਂ ਸ਼੍ਰੇਣੀ ਦਾ ਨਤੀਜਾ ਮਿਤੀ: 16-05-2025 ਨੂੰ ਘੋਸ਼ਿਤ ਕੀਤਾ ਜਾ ਚੁੱਕਾ ਹੈ। ਇਨ੍ਹਾਂ ਪਰੀਖਿਆਵਾਂ ਨਾਲ ਸਬੰਧਤ ਪਰੀਖਿਆਰਥੀ ਜੇਕਰ ਰੀ–ਚੈਕਿੰਗ ਕਰਵਾਉਣਾ ਚਾਹੁੰਦੇ ਹਨ, ਤਾਂ ਆਨ–ਲਾਈਨ ਫਾਰਮ ਅਤੇ ਫੀਸ ਭਰਨ ਲਈ ਮਿਤੀ 21-05-2025 ਤੋਂ 04-06-2025 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ। ਪਰੀਖਿਆਰਥੀ ਆਨ–ਲਾਈਨ ਫਾਰਮ ਅਤੇ ਫੀਸ ਭਰਨ ਉਪਰੰਤ ਇਸ ਦਾ ਪ੍ਰਿੰਟ ਆਪਣੇ ਕੋਲ ਰੱਖਣ। ਹਾਰਡ ਕਾਪੀ ਦਫ਼ਤਰ ਵਿਖੇ ਜਮ੍ਹਾ ਕਰਵਾਉਣ ਦੀ ਜਰੂਰਤ ਨਹੀਂ ਹੈ। ਹੋਰ ਵਧੇਰੇ ਜਾਣਕਾਰੀ ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲਬੱਧ ਹੈ ।

ਗੁਰਮਖ ਸਿੰਘ

ਸਹਾਇਕ ਸਕੱਤਰ (ਕੰਡਕਟ)
ਪੰਜਾਬ ਸਕੂਲ ਸਿੱਖਿਆ ਬੋਰਡ